Waheguru Ji Ka Khalsa,
Waheguru Ji Ki Fateh

Today’s Hukamnama *Thursday 08-10-2026*

ਧਨਾਸਰੀ ਮਹਲਾ ੫ ॥

Dhanaasaree, Fifth Mehl:

ਧਨਾਸਰੀ ਪੰਜਵੀਂ ਪਾਤਿਸ਼ਾਹੀ।

ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ ॥

He does not let His devotees see the difficult times; this is His innate nature.

ਆਪਣੇ ਧਰਮ ਨੂੰ ਚੇਤੇ ਕਰਦਾ ਹੋਇਆ, ਸੁਆਮੀ ਆਪਣੇ ਗੋਲੇ ਨੂੰ ਔਖਾ ਵੇਲਾ ਨਹੀਂ ਦੇਖਣ ਦਿੰਦਾ।

ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ ॥੧॥

Giving His hand, He protects His devotee; with each and every breath, He cherishes him. ||1||

ਆਪਣਾ ਹੱਥ ਦੇ ਕੇ, ਉਹ ਆਪਣੇ ਗੋਲੇ ਦੀ ਰੱਖਿਆ ਕਰਦਾ ਹੈ ਤੇ ਹਰ ਸਾਹ ਨਾਲ ਉਸ ਦੀ ਪਾਲਣ-ਪੋਸਣਾ ਕਰਦਾ ਹੈ।

ਪ੍ਰਭ ਸਿਉ ਲਾਗਿ ਰਹਿਓ ਮੇਰਾ ਚੀਤੁ ॥

My consciousness remains attached to God.

ਮੈਂਡਾ ਮਨ ਸੁਆਮੀ ਨਾਲ ਜੁੜਿਆ ਰਹਿੰਦਾ ਹੈ।

ਆਦਿ ਅੰਤਿ ਪ੍ਰਭੁ ਸਦਾ ਸਹਾਈ ਧੰਨੁ ਹਮਾਰਾ ਮੀਤੁ ॥ ਰਹਾਉ ॥

In the beginning, and in the end, God is always my helper and companion; blessed is my friend. ||Pause||

ਮੁੱਢ ਤੋਂ ਲੈ ਕੇ ਅਖੀਰ ਤਾਂਈਂ ਸੁਆਮੀ ਮੇਰਾ ਸਦਾ ਹੀ ਸਹਾਇਕ ਹੈ, ਧਨਤਾ ਜੋਗ ਅਤੇ ਸਮਰਥ ਹੈ ਮੇਰਾ ਮਿੱਤਰ! ਠਹਿਰਾਉ।

ਮਨਿ ਬਿਲਾਸ ਭਏ ਸਾਹਿਬ ਕੇ ਅਚਰਜ ਦੇਖਿ ਬਡਾਈ ॥

My mind is delighted, gazing upon the marvellous, glorious greatness of the Lord and Master.

ਪ੍ਰਭੂ ਦੀ ਅਲੋਕਿਕ ਵਿਸ਼ਾਲਤਾ ਨੂੰ ਵੇਖ ਕੇ ਮੇਰਾ ਚਿੱਤ ਪ੍ਰਸੰਨ ਹੋ ਗਿਆ ਹੈ।

ਹਰਿ ਸਿਮਰਿ ਸਿਮਰਿ ਆਨਦ ਕਰਿ ਨਾਨਕ ਪ੍ਰਭਿ ਪੂਰਨ ਪੈਜ ਰਖਾਈ ॥੨॥੧੫॥੪੬॥

Remembering, remembering the Lord in meditation, Nanak is in ecstasy; God, in His perfection, has protected and preserved his honor. ||2||15||46||

ਸਾਹਿਬ ਦਾ ਚਿੰਤਨ ਤੇ ਆਰਾਧਨ ਕਰਨ ਦੁਆਰਾ ਨਾਨਕ ਅਨੰਦ (ਸਦੀਵੀ ਖੇੜੇ) ਮਾਣਦਾ ਹੈ।

ਸਰਬ ਵਿਆਪਕ ਸੁਆਮੀ ਨੇ ਉਸ ਦੀ ਲੱਜਿਆ ਰੱਖ ਲਈ ਹੈ।

ਅੰਗ ੬੮੨